ਭੈਰਉ ਮਹਲਾ ੪ ॥ ਸਭਿ ਘਟ ਤੇਰੇ ਤੂ ਸਭਨਾ ਮਾਹਿ ॥ ਤੁਝ ਤੇ ਬਾਹਰਿ ਕੋਈ ਨਾਹਿ ॥ ੧॥ ਹਰਿ ਸੁਖਦਾਤਾ ਮੇਰੇ ਮਨ ਜਾਪੁ ॥ ਹਉ ਤੁਧੁ ਸਾਲਾਹੀ ਤੂ ਮੇਰਾ ਹਰਿ ਪ੍ਰਭੁ ਬਾਪੁ ॥੧॥ ਰਹਾਉ ॥ ਜਹ ਜਹ ਦੇਖਾ ਤਹ ਹਰਿ ਪ੍ਰਭੁ ਸੋਇ ॥ ਸਭ ਤੇਰੈ ਵਸਿ ਦੂਜਾ ਅਵਰੁ ਨ ਕੋਇ ॥ ੨॥ ਜਿਸ ਕਉ ਤੁਮ ਹਰਿ ਰਾਖਿਆ ਭਾਵੈ ॥ ਤਿਸ ਕੈ ਨੇੜੈ ਕੋਇ ਨ ਜਾਵੈ ॥ ੩॥ ਤੂ ਜਲਿ ਥਲਿ ਮਹੀਅਲਿ ਸਭ ਤੈ ਭਰਪੂਰਿ ॥ ਜਨ ਨਾਨਕ ਹਰਿ ਜਪਿ ਹਾਜਰਾ ਹਜੂਰਿ ॥੪॥੪॥ {ਪੰਨਾ 1134}

ਪਦਅਰਥ:- ਸਭਿ—ਸਾਰੇ। ਘਟ—ਘੜੇ, ਸਰੀਰ {ਬਹੁ-ਵਚਨ}। ਮਾਹਿ—ਵਿਚ। ਤੇ—ਤੋਂ।1।

ਮਨ—ਹੇ ਮਨ! ਹਉ—ਮੈਂ। ਸਾਲਾਹੀ—ਸਾਲਾਹੀਂ, ਸਲਾਹੁੰਦਾ ਹਾਂ। ਪ੍ਰਭੁ—ਮਾਲਕ।1। ਰਹਾਉ।

ਜਹ ਜਹ—ਜਿੱਥੇ ਜਿੱਥੇ। ਦੇਖਾ—ਦੇਖਾਂ, ਮੈਂ ਵੇਖਦਾ ਹਾਂ। ਸੋਇ—ਉਹੀ। ਵਸਿ—ਵੱਸ ਵਿਚ। ਅਵਰੁ—ਹੋਰ।2।

ਜਿਸ ਕਉ—{ਸੰਬੰਧਕ 'ਕਉ' ਦੇ ਕਾਰਨ ਲਫ਼ਜ਼ 'ਜਿਸੁ' ਦਾ ੁ ਉੱਡ ਗਿਆ ਹੈ}। ਰਾਖਿਆ ਭਾਵੈ—ਰੱਖਣਾ ਚਾਹੇ। ਤਿਸ ਕੈ—{ਸੰਬੰਧਕ 'ਕੈ' ਦੇ ਕਾਰਨ 'ਤਿਸੁ' ਦਾ ੁ ਉੱਡ ਗਿਆ ਹੈ}।3।

ਜਲਿ—ਜਲ ਵਿਚ। ਥਲਿ—ਥਲ ਵਿਚ। ਮਹੀਅਲਿ—ਮਹੀ ਤਲਿ, ਧਰਤੀ ਦੇ ਤਲ ਉਪਰ, ਪੁਲਾੜ ਵਿਚ, ਆਕਾਸ਼ ਵਿਚ। ਸਭਤੈ—ਹਰ ਥਾਂ। ਜਨ ਨਾਨਕ—ਹੇ ਦਾਸ ਨਾਨਕ!।4।

ਅਰਥ:- ਹੇ ਮੇਰੇ ਮਨ! ਪਰਮਾਤਮਾ ਦਾ ਨਾਮ ਜਪਿਆ ਕਰ (ਉਹੀ) ਸਾਰੇ ਸੁਖ ਦੇਣ ਵਾਲਾ ਹੈ। ਹੇ ਹਰੀ! (ਮਿਹਰ ਕਰ) ਮੈਂ ਤੇਰੀ ਸਿਫ਼ਤਿ-ਸਾਲਾਹ ਕਰਦਾ ਰਹਾਂ, ਤੂੰ ਮੇਰਾ ਮਾਲਕ ਹੈਂ, ਤੂੰ ਮੇਰਾ ਪਿਉ ਹੈਂ।1। ਰਹਾਉ।

ਹੇ ਪ੍ਰਭੂ! ਸਾਰੇ ਸਰੀਰ ਤੇਰੇ (ਬਣਾਏ ਹੋਏ) ਹਨ, ਤੂੰ (ਇਹਨਾਂ) ਸਾਰਿਆਂ ਵਿਚ ਵੱਸਦਾ ਹੈਂ। ਕੋਈ ਭੀ ਸਰੀਰ ਤੇਰੀ ਜੋਤਿ ਤੋਂ ਬਿਨਾ ਨਹੀਂ ਹੈ।1।

ਹੇ ਭਾਈ! ਮੈਂ ਜਿਧਰ ਜਿਧਰ ਵੇਖਦਾ ਹਾਂ, ਉਧਰ ਉਧਰ ਉਹ ਹਰੀ ਪ੍ਰਭੂ ਹੀ ਵੱਸ ਰਿਹਾ ਹੈ। ਹੇ ਪ੍ਰਭੂ! ਸਾਰੀ ਸ੍ਰਿਸ਼ਟੀ ਤੇਰੇ ਵੱਸ ਵਿਚ ਹੈ, (ਤੈਥੋਂ ਬਿਨਾ ਤੇਰੇ ਵਰਗਾ) ਹੋਰ ਕੋਈ ਨਹੀਂ ਹੈ।2।

ਹੇ ਹਰੀ! ਜਿਸ ਦੀ ਤੂੰ ਰੱਖਿਆ ਕਰਨੀ ਚਾਹੇਂ, ਕੋਈ (ਵੈਰੀ ਆਦਿਕ) ਉਸ ਦੇ ਨੇੜੇ ਨਹੀਂ ਆਉਂਦਾ।3।

ਹੇ ਹਰੀ! ਤੂੰ ਜਲ ਵਿਚ ਹੈਂ, ਤੂੰ ਆਕਾਸ਼ ਵਿਚ ਹੈਂ ਤੂੰ ਹਰ ਥਾਂ ਵਿਆਪਕ ਹੈਂ। ਹੇ ਦਾਸ ਨਾਨਕ! ਉਸ ਹਰੀ ਦਾ ਨਾਮ ਜਪਿਆ ਕਰ, ਜੋ ਹਰ ਥਾਂ ਹਾਜ਼ਰ-ਨਾਜ਼ਰ (ਪ੍ਰਤੱਖ ਦਿੱਸ ਰਿਹਾ) ਹੈ।4। 4।